**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 29-09-2025**

ਭਾਰਤ ਨੇ 9ਵੀਂ ਵਾਰ ਏਸ਼ੀਆ ਕੱਪ ਕ੍ਰਿਕਟ ਖਿਤਾਬ ਜਿੱਤਿਆ ਏ । ਭਾਰਤ ਨੇ ਦੁਬਈ ਵਿੱਚ ਕੱਲ੍ਹ ਰਾਤ ਹੋਏ ਟੂਰਨਾਮੈਂਟ ਦੇ ਫਾਈਨਲ ਵਿੱਚ ਪਾਕਿਸਤਾਨ ਨੂੰ ਪੰਜ ਵਿਕਟਾਂ ਨਾਲ ਹਰਾ ਕੇ ਇਹ ਉਪਲਬਧੀ ਹਾਸਲ ਕੀਤੀ। BYTE

ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਪਾਕਿਸਤਾਨ ਦੀ ਪੂਰੀ ਟੀਮ 19 ਓਵਰਾਂ ਅਤੇ ਇੱਕ ਗੇਂਦ ਵਿੱਚ ਸਿਰਫ਼ 146 ਦੌੜਾਂ ਹੀ ਬਣਾ ਸਕੀ । ਕੁਲਦੀਪ ਯਾਦਵ ਨੇ ਚਾਰ ਵਿਕਟਾਂ ਲਈਆਂ, ਜਦੋਂ ਕਿ ਜਸਪ੍ਰੀਤ ਬੁਮਰਾਹ, ਵਰੁਣ ਚੱਕਰਵਰਤੀ ਅਤੇ ਅਕਸ਼ਰ ਪਟੇਲ ਨੇ ਦੋ-ਦੋ ਵਿਕਟਾਂ ਲਈਆਂ । ਜਵਾਬ ਵਿੱਚ, ਭਾਰਤ ਨੇ ਦੋ ਗੇਂਦਾਂ ਬਾਕੀ ਰਹਿੰਦਿਆਂ ਪੰਜ ਵਿਕਟਾਂ ਨਾਲ ਟੀਚਾ ਪ੍ਰਾਪਤ ਕਰ ਲਿਆ। ਤਿਲਕ ਵਰਮਾ ਨੇ ਨਾਬਾਦ 69 ਦੌੜਾਂ ਬਣਾਈਆਂ। ਭਾਰਤ ਨੇ ਇਸ ਟੂਰਨਾਮੈਂਟ ਵਿੱਚ ਸਾਰੇ ਤਿੰਨ ਮੈਚਾਂ ਵਿੱਚ ਪਾਕਿਸਤਾਨ ਨੂੰ ਹਰਾਇਆ ਏ । ਮੈਚ ਤੋਂ ਬਾਅਦ, ਭਾਰਤੀ ਟੀਮ ਨੇ ਏਸ਼ੀਅਨ ਕ੍ਰਿਕਟ ਕੌਂਸਲ ਦੇ ਪ੍ਰਧਾਨ ਅਤੇ ਪਾਕਿਸਤਾਨ ਦੇ ਗ੍ਰਹਿ ਮੰਤਰੀ ਮੋਹਸਿਨ ਨਕਵੀ ਤੋਂ ਟਰਾਫੀ ਲੈਣ ਤੋਂ ਇਨਕਾਰ ਕਰ ਦਿੱਤਾ। ਭਾਰਤੀ ਕਪਤਾਨ ਸੂਰਿਆ

ਕੁਮਾਰ ਯਾਦਵ ਨੇ ਐਲਾਨ ਕੀਤਾ ਕਿ ਉਹ ਆਪਣੀ ਪੂਰੀ ਮੈਚ ਫੀਸ ਭਾਰਤੀ ਫੌਜ ਨੂੰ ਦਾਨ ਕਰਨਗੇ। ਸੂਰਿਆ ਕੁਮਾਰ ਨੇ ਟੀਮ ਦੀ ਬੇਮਿਸਾਲ ਮੁਹਿੰਮ ਲਈ ਤਿਲਕ ਵਰਮਾ, ਕੁਲਦੀਪ ਯਾਦਵ ਅਤੇ ਸੰਜੂ ਸੈਮਸਨ ਸਮੇਤ ਪੂਰੀ ਟੀਮ ਦੀ ਪ੍ਰਸ਼ੰਸਾ ਕੀਤੀ। BYTE

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤੀ ਟੀਮ ਨੂੰ ਵਧਾਈ ਦਿੱਤੀ ਏ । ਰਾਸ਼ਟਰਪਤੀ ਨੇ ਕਾਮਨਾ ਕੀਤੀ ਏ ਕਿ ਭਾਰਤੀ ਟੀਮ ਭਵਿੱਖ ਵਿੱਚ ਵੀ ਮਾਣ ਨਾਲ ਰਹੇ । ਪ੍ਰਧਾਨ ਮੰਤਰੀ ਮੋਦੀ ਨੇ ਏਸ਼ੀਆ ਕੱਪ ਟੂਰਨਾਮੈਂਟ ਵਿੱਚ ਭਾਰਤ-ਪਾਕਿਸਤਾਨ ਫਾਈਨਲ ਦੀ ਤੁਲਨਾ ਆਪਰੇਸ਼ਨ ਸਿੰਦੂਰ ਨਾਲ ਕੀਤੀ ਅਤੇ ਕਿਹਾ ਕਿ ਨਤੀਜਾ ਉਹੀ ਰਿਹਾ ਅਤੇ ਭਾਰਤ ਜਿੱਤ ਗਿਆ।

-------------------------------------------------------------------

ਪਿਛਲੇ 10 ਸਾਲਾਂ ਵਿੱਚ ਦੇਸ਼ ਵਿੱਚ ਦੁੱਧ ਉਤਪਾਦਨ 63 ਫੀਸਦੀ ਵਧਕੇ, 14 ਕਰੋੜ 60 ਲੱਖ ਟਨ ਤੋਂ  23 ਕਰੋੜ  90 ਲੱਖ ਟਨ ਤੋਂ ਵੱਧ ਹੋ ਗਿਆ ਏ । ਭਾਰਤ ਵਿਸ਼ਵ ਦੁੱਧ ਉਤਪਾਦਨ ਵਿੱਚ ਪਹਿਲੇ ਸਥਾਨ 'ਤੇ ਬਣਿਆ ਹੋਇਆ ਏ । ਭਾਰਤ ਦੁਨੀਆ ਦੀ ਸਪਲਾਈ ਦਾ ਲਗਭਗ ਇੱਕ ਚੌਥਾਈ ਹਿੱਸਾ ਪਾਉਂਦਾ ਏ । ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਮੰਤਰਾਲੇ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ, ਡੇਅਰੀ ਰਾਸ਼ਟਰੀ ਅਰਥ-ਵਿਵਸਥਾ ਵਿੱਚ ਪੰਜ ਫੀਸਦੀ ਯੋਗਦਾਨ ਪਾਉਂਦੀ ਏ  ਅਤੇ ਸਿੱਧੇ ਤੌਰ 'ਤੇ

8 ਕਰੋੜ ਤੋਂ ਵੱਧ ਕਿਸਾਨਾਂ ਨੂੰ ਰੁਜ਼ਗਾਰ ਦਿੰਦੀ ਏ । ਪਿਛਲੇ ਦਹਾਕੇ ਦੌਰਾਨ ਦੇਸ਼ ਵਿੱਚ ਪ੍ਰਤੀ ਵਿਅਕਤੀ ਦੁੱਧ ਦੀ ਉਪਲਬਧਤਾ ਵਿੱਚ ਵੀ ਤੇਜ਼ੀ ਨਾਲ ਵਾਧਾ ਹੋਇਆ ਹੈ। ਪ੍ਰਤੀ ਵਿਅਕਤੀ ਸਪਲਾਈ 48 ਫੀਸਦੀ ਵਧੀ ਏ ਜੋ 2023-24 ਵਿੱਚ ਪ੍ਰਤੀ ਵਿਅਕਤੀ 471 ਗ੍ਰਾਮ ਤੋਂ ਵੱਧ ਹੋ ਗਈ ਏ । ਇਹ ਪ੍ਰਤੀ ਵਿਅਕਤੀ ਪ੍ਰਤੀ ਦਿਨ ਲਗਭਗ 322 ਗ੍ਰਾਮ ਦੇ ਵਿਸ਼ਵ ਔਸਤ ਨਾਲੋਂ ਬਹੁਤ ਜ਼ਿਆਦਾ ਏ ।

----------------------------------------------------------------------

ਪੰਜਾਬ ਸਰਕਾਰ ਵੱਲੋਂ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਲਈ ਇੱਕ ਵਿਆਪਕ ਅਤੇ ਸੂਚਨਾ, ਸਿੱਖਿਆ ਅਤੇ ਸੰਚਾਰ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਏ । ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਸ ਵਿਆਪਕ ਮੁਹਿੰਮ ਦਾ ਉਦੇਸ਼ ਸੂਬੇ ਦੇ ਭਾਈਚਾਰਿਆਂ, ਵਿਦਿਆਰਥੀਆਂ ਅਤੇ ਕਿਸਾਨਾਂ ਨੂੰ ਸਿੱਧੇ ਤੌਰ 'ਤੇ ਸ਼ਾਮਲ ਕਰਨਾ ਏ ਤਾਂ ਜੋ ਵਾਤਾਵਰਣ-ਅਨੁਕੂਲ ਅਭਿਆਸਾਂ ਵੱਲ ਵਿਵਹਾਰਕ ਤਬਦੀਲੀ ਲਿਆਂਦੀ ਜਾ ਸਕੇ ਅਤੇ ਟਿਕਾਊ ਖੇਤੀਬਾੜੀ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਬਹੁ-ਪੱਖੀ ਰਣਨੀਤੀ ਵਿੱਚ ਵੱਧ ਤੋਂ ਵੱਧ ਪਹੁੰਚ ਅਤੇ ਪ੍ਰਭਾਵ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤੀਆਂ ਗਈਆਂ ਗਤੀਵਿਧੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਸ਼ਾਮਲ ਏ । ਉਨ੍ਹਾਂ ਦੱਸਿਆ ਕਿ ਜਾਣਕਾਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ

ਪ੍ਰਸਾਰਿਤ ਕਰਨ ਲਈ ਵਿਭਾਗ ਵੱਲੋਂ ਪੇਂਡੂ ਖੇਤਰਾਂ ਵਿੱਚ ਜਾਣਕਾਰੀ ਭਰਪੂਰ ਸੰਦੇਸ਼ ਪ੍ਰਸਾਰਿਤ ਕਰਨ ਲਈ 50 ਸਮਰਪਿਤ ਪ੍ਰਚਾਰ ਵੈਨਾਂ ਤਾਇਨਾਤ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ, ਸੱਭਿਆਚਾਰਕ ਢੰਗ ਨਾਲ ਸੰਦੇਸ਼ ਪਹੁੰਚਾਉਣ ਲਈ 444 'ਨੁੱਕੜ ਨਾਟਕ' ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਦੇ ਫਾਇਦਿਆਂ ਅਤੇ ਝੋਨੇ ਦੀ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਨੂੰ ਉਜਾਗਰ ਕਰਨ ਲਈ ਸੂਬੇ ਭਰ ਵਿੱਚ 12 ਹਜ਼ਾਰ 500 ਜਾਣਕਾਰੀ ਭਰਪੂਰ ਕੰਧ ਚਿੱਤਰ ਬਣਾਏ ਜਾਣਗੇ। ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਜਾਣਕਾਰੀ, ਮਾਹਿਰਾਂ ਦੀ ਸਲਾਹ ਅਤੇ ਸਰਕਾਰੀ ਯੋਜਨਾਵਾਂ ਤੱਕ ਸਿੱਧੀ ਪਹੁੰਚ ਪ੍ਰਦਾਨ ਕਰਨ ਲਈ 3 ਹਜ਼ਾਰ 333 ਪਿੰਡ-ਪੱਧਰੀ ਕੈਂਪ ਅਤੇ 296 ਬਲਾਕ-ਪੱਧਰੀ ਕੈਂਪ ਲਗਾਏ ਜਾਣਗੇ । 148 ਆਸ਼ਾ ਵਰਕਰਾਂ ਨੂੰ ਪਿੰਡਾਂ ਵਿੱਚ ਘਰ-ਘਰ ਜਾਗਰੂਕਤਾ ਮੁਹਿੰਮਾਂ ਚਲਾਉਣ ਲਈ ਲਾਮਬੰਦ ਕੀਤਾ ਜਾਵੇਗਾ। ਵਾਤਾਵਰਣ ਚੇਤਨਾ ਪੈਦਾ ਕਰਨ ਲਈ ਵਿਦਿਆਰਥੀਆਂ ਨੂੰ ਲੇਖ ਲਿਖਣ, ਪੇਂਟਿੰਗ ਅਤੇ ਵਿਚਾਰ-ਵਟਾਂਦਰਾ ਮੁਕਾਬਲਿਆਂ ਵਿੱਚ ਸ਼ਾਮਲ ਕੀਤਾ ਜਾਵੇਗਾ।

---------------------------------------------------------------------------

ਸੰਗਠਿਤ ਅਪਰਾਧ ਖਿਲਾਫ ਜੰਗ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ

ਨਾਗਰਿਕਾਂ ਲਈ ਇੱਕ ਸਮਰਪਿਤ ਟੋਲ-ਫ੍ਰੀ ਹੈਲਪਲਾਈਨ 1800-330-1100 ਦੀ ਸ਼ੁਰੂਆਤ ਕੀਤੀ ਏ ਤਾਂ ਜੋ ਉਹ, ਡਰਾਉਣ-ਧਮਕਾਉਣ, ਜਬਰੀ ਵਸੂਲੀ ਅਤੇ ਗੈਂਗਸਟਰ ਨਾਲ ਸਬੰਧਤ ਗਤੀਵਿਧੀਆਂ ਸਮੇਤ ਸੰਗਠਿਤ ਅਪਰਾਧਾਂ ਦੀ ਗੁਪਤ ਰੂਪ ਵਿੱਚ ਰਿਪੋਰਟ ਕਰ ਸਕਣ। ਹੈਲਪਲਾਈਨ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ, ਡੀਜੀਪੀ ਨੇ ਇਸ ਦੀ ਸ਼ੁਰੂਆਤ ਦੌਰਾਨ ਇਸ ਨਵੀਂ ਪ੍ਰਣਾਲੀ ਦੇ ਕੰਮਕਾਜ ਨੂੰ ਸਮਝਣ ਲਈ ਨੁਮਾਇੰਦੇ ਨਾਲ ਗੱਲਬਾਤ ਕੀਤੀ। ਡੀਜੀਪੀ ਗੌਰਵ ਯਾਦਵ ਨੇ ਨਾਗਰਿਕਾਂ ਨੂੰ ਆਪਣੇ ਵੀਡੀਓ ਸੰਦੇਸ਼ ਵਿੱਚ ਭਰੋਸਾ ਦਿਵਾਇਆ ਕਿ ਇਸ ਹੈਲਪਲਾਈਨ 'ਤੇ ਪ੍ਰਾਪਤ ਹੋਣ ਵਾਲੀ ਜਾਣਕਾਰੀ ਸਬੰਧੀ ਕਾਲ ਕਰਨ ਵਾਲਿਆਂ ਦੀ ਪਛਾਣ ਸੁਰੱਖਿਅਤ ਰੱਖੀ ਜਾਵੇਗੀ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਇਹ ਨੰਬਰ ਸੇਵ ਕਰਨ ਅਤੇ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਅਜਿਹੀਆਂ ਘਟਨਾਵਾਂ ਦੀ ਰਿਪੋਰਟ ਕਰਕੇ ਸੁਰੱਖਿਅਤ ਸੂਬਾ ਸਿਰਜਣ ਦੇ ਮਿਸ਼ਨ ਵਿੱਚ ਪੰਜਾਬ ਪੁਲਿਸ ਦਾ ਸਾਥ ਦੇਣ ਦੀ ਅਪੀਲ ਕੀਤੀ ।

--------------------------------------------------------------------------------

ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਨੇ ਦੋ ਵਿਅਕਤੀਆਂ ਨੂੰ 4 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਨਾਲ ਸਬੰਧਤ ਸਰਹੱਦ ਪਾਰੋਂ ਨਸ਼ਾ ਤਸਕਰੀ ਦੇ ਮਾਡਿਊਲ ਦਾ ਪਰਦਾਫਾਸ਼ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ

ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਅਟਾਰੀ ਦੇ ਵਾਸੀ ਆਕਾਸ਼ਦੀਪ ਸਿੰਘ ਉਰਫ਼ ਟੋਨੀ ਅਤੇ ਬਾਸਰਕੇ ਭੈਣੀ ਵਾਸੀ ਪਵਨਬੀਰ ਸਿੰਘ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਉਨ੍ਹਾਂ ਕੋਲੋਂ ਮੋਟਰਸਾਈਕਲ ਵੀ ਜ਼ਬਤ ਕੀਤਾ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਪਾਕਿਸਤਾਨ ਅਧਾਰਤ ਤਸਕਰ ਰਾਣਾ ਕਿੰਗ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਏ।